ਗੁਰੂਕਿਰਪਾ ਇੰਟਰਨੈਸ਼ਨਲ ਕੰਨਿਆਦਾਨ ਸੰਸਥਾ ਦੀ ਮੀਟਿੰਗ ਮੌਕੇ ਪ੍ਰਧਾਨ ਬੀਰ ਚੰਦ ਸੁਰੀਲਾ, ਚੇਅਰਮੈਨ ਪਰਮਜੀਤ ਮਡਾਰ, ਉਪ ਪ੍ਰਧਾਨ ਸਰਵਣ ਸਿੰਘ ਸੁੰਮਨ ਤੇ ਹੋਰ ਅਹੁਦੇਦਾਰ ਤੇ ਮੈਂਬਰ।

ਗੁਰੂਕਿਰਪਾ ਕੰਨਿਆਦਾਨ ਸੰਸਥਾ ਦੀ ਸਮੂਹਿਕ ਵਿਆਹ ਕਾਰਜਾਂ ਸੰਬੰਧੀ ਹੋਈ ਮੀਟਿੰਗ

ਨਵਾਂਸ਼ਹਿਰ, 8 ਦਸੰਬਰ (ਜਸਬੀਰ ਸਿੰਘ ਨੂਰਪੁਰ) - ਗੁਰੂਕਿਰਪਾ ਇੰਟਰਨੈਸ਼ਨਲ ਕੰਨਿਆਦਾਨ ਸੰਸਥਾ ਵੱਲੋਂ 9ਵੇਂ ਕੰਨਿਆਦਾਨ ਸਮਾਗਮ ਸਬੰਧੀ ਅਹਿਮ ਮੀਟਿੰਗ ਚੇਅਰਮੈਨ ਪਰਮਜੀਤ ਮਡਾਰ, ਪ੍ਰਧਾਨ ਬੀਰ ਚੰਦ ਸੁਰੀਲਾ ਤੇ ਉਪ ਪ੍ਰਧਾਨ ਸਰਵਣ ਸਿੰਘ ਸੁੰਮਨ ਦੀ ਰਹਿਨੁਮਾਈ ਹੇਠ ਹੋਈ। ਇਸ ਵਾਰ ਕੰਨਿਆਦਾਨ ਸਮਾਗਮ 23 ਫਰਵਰੀ 2025 ਨੂੰ ਬੰਗਾ ਵਿਖੇ ਕਰਵਾਏ ਜਾ ਰਹੇ ਹਨ ਸਬੰਧੀ ਵਿਚਾਰਾਂ ਕੀਤੀਆਂ ਗਈਆਂ। ਮੀਟਿੰਗ 'ਚ ਅਹੁਦੇਦਾਰਾਂ ਤੇ ਮੈਂਬਰਾਨਾਂ ਨੇ ਆਪਣੇ-ਆਪਣੇ ਵਿਆਹ ਕਾਰਜਾਂ ਸਬੰਧੀ ਉਸਾਰੂ ਸੁਝਾਅ ਪੇਸ਼ ਕੀਤੇ। ਕਾਰਜਾਂ ਸਬੰਧੀ ਹਰ ਇੱਕ ਮੈਂਬਰ ਨੇ ਤਨ, ਮਨ ਤੇ ਧਨ ਨਾਲ ਸਹਿਯੋਗ ਕਰਨ ਦਾ ਭਰੋਸਾ ਦੁਆਇਆ। ਇਸ ਮੌਕੇ 'ਤੇ ਬਲਵਿੰਦਰ ਬੰਗੜ, ਬਲਜੀਤ ਭੱਟੀ, ਸੁਰਿੰਦਰ ਪਾਲ ਜਨਾਗਲ, ਮਦਨ ਸਿੰਘ ਪੰਚ, ਹਰੀਸ਼ ਵਿਰਦੀ, ਤਿਲਕ ਰਾਜ ਵਿਰਦੀ, ਬਖਸ਼ੀਸ਼ ਸਹੋਤਾ, ਬਲਜਿੰਦਰ ਪਾਲ, ਮੁਨੀਸ਼ ਕੁਮਾਰ, ਬਲਵਿੰਦਰ ਪਾਲ, ਸਰਬਜੀਤ ਸਿੰਘ, ਸੰਤੋਖ ਸਿੰਘ, ਵੈਦ ਸੋਮ ਪ੍ਰਕਾਸ਼ ਆਦਿ ਹਾਜ਼ਰ ਸਨ।

ਮਾਸਟਰ ਕੇਡਰ ਯੂਨੀਅਨ ਦੇ ਮੈਂਬਰ ਜ਼ਿਲ੍ਹਾ ਪੱਧਰੀ ਮੀਟਿੰਗ ਉਪਰੰਤ ਗੱਲਬਾਤ ਸਮੇਂ।

ਮਾਸਟਰ ਕੇਡਰ ਯੂਨੀਅਨ ਦੀ ਜ਼ਿਲ੍ਹਾ ਪੱਧਰੀ ਮੀਟਿੰਗ 'ਚ ਬਲਜਿੰਦਰ ਕੁਮਾਰ ਬਲਾਕ ਔੜ ਦੇ ਪ੍ਰਧਾਨ ਚੁਣੇ

ਨਵਾਂਸ਼ਹਿਰ, 8 ਦਸੰਬਰ (ਜਸਬੀਰ ਸਿੰਘ ਨੂਰਪੁਰ) - ਮਾਸਟਰ ਕੇਡਰ ਯੂਨੀਅਨ ਪੰਜਾਬ ਦੀ ਜ਼ਿਲ੍ਹਾ ਇਕਾਈ ਸ਼ਹੀਦ ਭਗਤ ਸਿੰਘ ਨਗਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਹਰਮਿੰਦਰ ਸਿੰਘ ਉੱਪਲ ਦੀ ਪ੍ਰਧਾਨਗੀ ਹੇਠ ਹੋਈ। ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਹਰਮਿੰਦਰ ਸਿੰਘ ਉੱਪਲ ਨੇ ਦੱਸਿਆ ਕਿ ਨਰਿੰਦਰ ਸਿੰਘ ਭਾਰਟਾ ਨੂੰ ਦੁਬਾਰਾ ਸਰਬਸੰਮਤੀ ਨਾਲ ਬਲਾਕ ਔੜ ਦਾ ਪ੍ਰਧਾਨ ਚੁਣਿਆ ਗਿਆ ਅਤੇ ਬਲਜਿੰਦਰ ਕੁਮਾਰ ਸਾਹਲੋਂ ਨੂੰ ਜਨਰਲ ਸਕੱਤਰ ਚੁਣਿਆ ਗਿਆ ਹੈ। ਉਹਨਾਂ ਬਲਾਕ ਦੇ ਅਹੁਦੇਦਾਰਾਂ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕੇ ਸਰਬਜੀਤ ਸਿੰਘ, ਰਾਜਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ, ਅਰੁਣ ਕੁਮਾਰ ਵਿੱਤ ਸਕੱਤਰ, ਧਰਮ ਪਾਲ, ਬਲਜੀਤ ਕੁਮਾਰ, ਸੁਤੰਤਰ ਕੁਮਾਰ ਅਤੇ ਪੁਨੀਤ ਕੁਮਾਰ ਨੂੰ ਮੀਤ ਪ੍ਰਧਾਨ, ਦੀਪਕ ਜੋਸ਼ੀ ਪ੍ਰੈੱਸ ਸਕੱਤਰ, ਕਪਿਲ ਦੁੱਗਲ ਨੂੰ ਮੀਡੀਆ ਕੋਆਰਡੀਨੇਟਰ ਅਤੇ ਸੁਰਿੰਦਰ ਮੋਹਨ ਜੋਸ਼ੀ ਨੂੰ ਕਾਨੂੰਨੀ ਸਲਾਹਕਾਰ ਨਿਯੁਕਤ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਜਿੰਦਰ ਕੁਮਾਰ ਨੇ ਪੰਜਾਬ ਸਰਕਾਰ ਤੋਂ ਅਧਿਆਪਕਾਂ ਦਾ ਪੇਂਡੂ ਭੱਤਾ ਜਲਦੀ ਬਹਾਲ ਕਰਨ, ਡੀ. ਏ ਦੀਆਂ ਰਹਿੰਦੀਆਂ ਕਿਸ਼ਤਾਂ ਜਾਰੀ ਕਰਨ ਅਤੇ ਬਕਾਏ ਦਾ ਤੁਰੰਤ ਭੁਗਤਾਨ ਕਰਨ ਦੀ ਮੰਗ ਕੀਤੀ। ਪੁਰਾਣੀ ਪੈਨਸ਼ਨ ਬਹਾਲ ਕਰਨ ਅਤੇ ਪਰਮੋਸ਼ਨਾਂ ਹੋਣ ਉਪਰੰਤ ਨੇੜੇ ਦੇ ਸਟੇਸ਼ਨ ਅਲਾਟ ਕੀਤੇ ਜਾਣ ਦੀ ਮੰਗ ਕੀਤੀ ਗਈ। ਸਰਬਜੀਤ ਸਿੰਘ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਹਰੇਕ ਮਹੀਨੇ ਲਿਆ ਜਾਣ ਵਾਲਾ ਡਿਵੈਲਪਮੈਂਟ ਟੈਕਸ ਬੰਦ ਕਰਨ ਅਤੇ ਵੱਖ-ਵੱਖ ਪ੍ਰੋਜੈਕਟਾਂ ਦੇ ਨਾਮ 'ਤੇ ਅਧਿਆਪਕਾਂ ਨੂੰ ਖੱਜਲ ਖੁਆਰ ਕਰਨਾ ਬੰਦ ਕੀਤਾ ਜਾਵੇ ਤਾਂ ਕਿ ਸਕੂਲਾਂ 'ਚ ਵਿਦਿਆਰਥੀਆਂ ਨੂੰ ਪੜ੍ਹਾਉਣ ਵਾਲਾ ਮਾਹੌਲ ਬਣਿਆ ਰਹੇ। ਇਸ ਮੌਕੇ ਹਾਜ਼ਰ ਅਧਿਆਪਕ ਆਗੂਆਂ 'ਚ ਅਸ਼ਵਨੀ ਕੁਮਾਰ, ਸੁਖਵਿੰਦਰ ਕੁਮਾਰ, ਜਤਿੰਦਰ ਕੁਮਾਰ, ਮਨਜੀਤ ਸਿੰਘ, ਭੁਪਿੰਦਰ ਸਿੰਘ, ਵਿਜੇ ਕੁਮਾਰ ਅਤੇ ਅਧਿਆਪਕਾਵਾਂ ਵੀ ਹਾਜ਼ਰ ਸਨ।

ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਵਲੋਂ ਸੀਨੀਅਰ ਪੈਨਸ਼ਨਰਾਂ ਦਾ ਸਨਮਾਨ

ਨਵਾਂਸ਼ਹਿਰ, 8 ਦਸੰਬਰ (ਜਸਬੀਰ ਸਿੰਘ ਨੂਰਪੁਰ, ਹਰਮਿੰਦਰ ਸਿੰਘ ਪਿੰਟੂ, ਦੀਦਾਰ ਸਿੰਘ ਸ਼ੇਤਰਾ) - ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਮੀਟਿੰਗ ਸੋਮ ਲਾਲ ਦੀ ਪ੍ਰਧਾਨਗੀ ਹੇਠ ਡਿਪਟੀ ਕਮਿਸ਼ਨਰ ਦਫ਼ਤਰ ਦੇ ਮੀਟਿੰਗ ਹਾਲ 'ਚ ਹੋਈ। ਜਿਸ 'ਚ ਸੀਨੀਅਰ ਪੈਨਸ਼ਨਰਾਂ ਚਰਨ ਸਿੰਘ, ਅਵਤਾਰ ਸਿੰਘ ਅਤੇ ਮਹਿੰਗਾ ਰਾਮ ਨੂੰ ਸਨਮਾਨਿਤ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਕੱਤਰ ਜੀਤ ਲਾਲ ਗੋਹਲੜੋਂ, ਪ੍ਰਿੰ. ਇਕਬਾਲ ਸਿੰਘ, ਕਰਨੈਲ ਸਿੰਘ ਰਾਹੋਂ, ਅਸ਼ੋਕ ਕੁਮਾਰ, ਜੋਗਾ ਸਿੰਘ, ਰਾਮ ਪਾਲ, ਰੇਸ਼ਮ ਲਾਲ, ਦੇਸ ਰਾਜ ਬੱਜੋਂ, ਪ੍ਰਿੰ. ਧਰਮ ਪਾਲ, ਅਮਰਜੀਤ ਸਿੰਘ, ਵਿਜੈ ਕੁਮਾਰ, ਰਾਮ ਸਿੰਘ, ਦੀਦਾਰ ਸਿੰਘ, ਸੁੱਚਾ ਰਾਮ ਆਦਿ ਨੇ ਸਾਲਾਂ ਤੋਂ ਲਟਕਦੇ ਪੈਨਸ਼ਨਰਾਂ ਦੇ ਮਸਲੇ ਹੱਲ ਕਰਨ ਦੀ ਸਰਕਾਰ ਤੋਂ ਮੰਗ ਕੀਤੀ। ਪੈਨਸ਼ਨਰਾਂ ਨੇ 1 ਜਨਵਰੀ 2016 ਤੋਂ ਤਨਖ਼ਾਹ ਕਮਿਸ਼ਨ ਦੀਆਂ ਤਰੁੱਟੀਆਂ ਦੂਰ ਕਰਕੇ 125 ਫੀਸਦੀ ਮਹਿੰਗਾਈ ਭੱਤੇ 'ਤੇ 2.59 ਦਾ ਸਿਫਾਰਿਸ਼ ਕੀਤਾ ਗੁਣਾਂਕ ਲਾਗੂ ਕਰਨ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਜਾਰੀ ਕਰਨ, ਤਨਖ਼ਾਹ ਦੁਹਰਾਈ ਅਤੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦੇ ਬਕਾਏ ਜਾਰੀ ਕਰਨ, 20 ਸਾਲ ਦੀ ਸਰਵਿਸ ਬਾਅਦ ਪੂਰੇ ਪੈਨਸ਼ਨਰੀ ਲਾਭ ਜਾਰੀ ਕਰਨ, ਕੈਸ਼ ਲੈੱਸ ਹੈਲਥ ਸਕੀਮ ਸੋਧ ਕੇ ਲਾਗੂ ਕਰਨ, ਮੈਡੀਕਲ ਕਲੇਮ ਤੁਰੰਤ ਜਾਰੀ ਕਰਨ ਆਦਿ ਮੰਗਾਂ ਦਾ ਤੁਰੰਤ ਨਿਪਟਾਰਾ ਕਰਨ ਦੀ ਮੰਗ ਕੀਤੀ। ਮੀਟਿੰਗ 'ਚ ਹਰਵਿੰਦਰ ਸਿੰਘ, ਵਿਜੈ ਕੁਮਾਰ, ਕਮਲੇਸ਼, ਚਰਨ ਦਾਸ, ਸਰੂਪ ਲਾਲ, ਕੁਲਵਿੰਦਰ ਸਿੰਘ, ਜੀਤ ਰਾਮ, ਹਰਮੇਸ਼ ਸਿੰਘ, ਮਹਿੰਗਾ ਰਾਮ, ਹਰਭਜਨ ਸਿੰਘ, ਤਰਸੇਮ ਸਿੰਘ, ਜਰਨੈਲ ਸਿੰਘ, ਨਿਰਮਲ ਦਾਸ, ਈਸ਼ਵਰ ਚੰਦਰ, ਸੁਰਿੰਦਰ ਜੀਤ, ਰਾਵਲ ਸਿੰਘ, ਬਲਬੀਰ ਸਿੰਘ, ਠਾਕਰ ਸਿੰਘ ਆਦਿ ਹਾਜ਼ਰ ਸਨ।

ਵਾਤਾਵਰਣ ਸੰਭਾਲ ਸੁਸਾਇਟੀ ਦੇ ਮੈਂਬਰ ਗੁਰਦੁਆਰਾ ਮੰਜੀ ਸਾਹਿਬ ਨਵਾਂਸ਼ਹਿਰ ਵਿਖੇ ਬੂਟਾ ਲਗਾਉਂਦੇ ਹੋਏ।

ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਬੂਟੇ ਲਗਾ ਕੇ ਮਨਾਇਆ

ਨਵਾਂਸ਼ਹਿਰ, 8 ਦਸੰਬਰ (ਦੀਦਾਰ ਸਿੰਘ ਸ਼ੇਤਰਾ) - ਵਾਤਾਵਰਣ ਸੰਭਾਲ ਸੁਸਾਇਟੀ ਰਜਿ. ਵਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਗੁਰਦੁਆਰਾ ਮੰਜੀ ਸਾਹਿਬ ਵਿਖੇ ਬੂਟੇ ਲਗਾ ਕੇ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਰੇਸ਼ਮ ਸਿੰਘ ਵਿਕਾਸ ਨਗਰ ਨੇ ਦੱਸਿਆ ਕਿ ਸੁਸਾਇਟੀ ਦੇ ਪ੍ਰਧਾਨ ਸ. ਜਸਵੰਤ ਸਿੰਘ ਭੱਟੀ ਦੀ ਅਗਵਾਈ 'ਚ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਅਦੁੱਤੀ ਸ਼ਹਾਦਤ ਨੂੰ ਸਿਜਦਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਬੂਟੇ ਲਗਾਉਂਦੇ ਹੋਏ ਕਿਹਾ ਕਿ ਹਰ ਮਨੁੱਖ ਨੂੰ ਜਿੱਥੇ ਵੀ ਉਸ ਨੂੰ ਢੁੱਕਵੀਂ ਥਾਂ ਮਿਲੇ ਹਰ ਵਰ੍ਹੇ ਵੱਧ ਤੋਂ ਵੱਧ ਬੂਟੇ ਲਗਾਉਣੇ ਚਾਹੀਦੇ ਹਨ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਨੌਰੰਗ ਸਿੰਘ ਨੇ ਰੁੱਖਾਂ ਦਾ ਮਨੁੱਖੀ ਜੀਵਨ 'ਚ ਮਹੱਤਵ ਬਾਰੇ ਬੋਲਦਿਆਂ ਵਧ ਤੋਂ ਵਧ ਬੂਟੇ ਲਗਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੁਸਾਇਟੀ ਦੇ ਹੋਰ ਮੈਂਬਰ ਕੁਲਦੀਪ ਕੁਮਾਰ ਕੈਸ਼ੀਅਰ, ਰਜਿੰਦਰ ਕੁਮਾਰ, ਅਰੁਣ ਵਰਮਾ, ਹਰਵਿੰਦਰ ਸਿੰਘ ਖਾਲਸਾ, ਧਰਮਪਾਲ ਆਦਿ ਹਾਜ਼ਰ ਸਨ।

ਸ਼ਹੀਦ-ਏ-ਆਜ਼ਮ ਭਗਤ ਸਿੰਘ ਯਾਦਗਾਰੀ ਟੂਰਨਾਮੈਂਟ ਦੇ ਤੀਜੇ ਦਿਨ ਹੋਏ ਬੇਹੱਦ ਫਸਵੇਂ ਮੁਕਾਬਲੇ

ਯੰਗ ਫੁੱਟਬਾਲ ਕਲੱਬ ਮਾਹਿਲਪੁਰ ਅਤੇ ਸੀ. ਆਰ. ਪੀ. ਐਫ ਸੈਮੀਫਾਈਨਲ 'ਚ

ਬੰਗਾ, 8 ਦਸੰਬਰ (ਸੁਰਿੰਦਰ ਸਿੰਘ ਕਰਮ ਲਧਾਣਾ) - ਮਾ: ਹਰਬੰਸ ਹੀਉਂ ਦੀ ਯਾਦ ਨੂੰ ਸਮਰਪਿਤ 26ਵੇਂ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਯਾਦਗਾਰੀ ਫੁੱਟਬਾਲ ਟੂਰਨਾਮੈਂਟ ਦੇ ਤੀਜੇ ਦਿਨ ਫਸਵੇਂ ਮੁਕਾਬਲੇ ਹੋਏ। ਪਹਿਲੇ ਗੇੜ ਦਾ ਇਕ ਮੈਚ ਅਤੇ ਦੋ ਕੁਆਰਟਰ ਫਾਈਨਲ ਖੇਡੇ ਗਏ। ਪਹਿਲੇ ਗੇੜ ਦਾ ਮੈਚ ਓਲੰਪੀਅਨ ਜਰਨੈਲ ਸਿੰਘ ਫੁੱਟਬਾਲ ਕਲੱਬ ਗੜ੍ਹਸ਼ੰਕਰ ਅਤੇ ਸੰਤ ਬਾਬਾ ਭਾਗ ਸਿੰਘ ਫੁੱਟਬਾਲ ਕਲੱਬ ਖਿਆਲਾ ਵਿਚਕਾਰ ਖੇਡਿਆ ਗਿਆ। ਇਸ ਮੈਚ ਦਾ ਉਦਘਾਟਨ ਇੰਜੀਨੀਅਰ ਸੁਰਿੰਦਰ ਸਿੰਘ ਪੂੰਨੀ ਵਲੋਂ ਕੀਤਾ ਗਿਆ। ਉਨ੍ਹਾਂ ਨਾਲ ਹਰਜੀਤ ਸਿੰਘ ਮਾਹਲ, ਸੁਰਿੰਦਰ ਸਿੰਘ ਖਾਲਸਾ,ਪ੍ਰੋ.ਪਰਗਣ ਸਿੰਘ, ਦਲਜੀਤ ਸਿੰਘ ਗਿੱਦਾ ਅਤੇ ਸਰਬਜੀਤ ਮੰਗੂਵਾਲ ਨੇ ਟੀਮਾਂ ਨਾਲ ਜਾਣ ਪਹਿਚਾਣ ਕੀਤੀ। ਇਸ ਬੇਹੱਦ ਫਸਵੇਂ ਮੁਕਾਬਲੇ 'ਚ ਦੋਵੇਂ ਟੀਮਾਂ ਨਿਰਧਾਰਤ ਸਮੇਂ ਤੱਕ 1-1 ਦੀ ਬਰਾਬਰੀ 'ਤੇ ਰਹੀਆਂ। ਉਪਰੰਤ ਪਹਿਲਾ ਕੁਆਰਟਰ ਫਾਈਨਲ ਮੈਚ ਪ੍ਰਿੰ. ਹਰਭਜਨ ਸਿੰਘ ਫੁੱਟਬਾਲ ਕਲੱਬ ਮਾਹਿਲਪੁਰ ਅਤੇ ਯੰਗ ਫੁੱਟਬਾਲ ਕਲੱਬ ਮਾਹਿਲਪੁਰ ਦਰਮਿਆਨ ਖੇਡਿਆ ਗਿਆ। ਇਸ ਮੈਚ ਦਾ ਉਦਘਾਟਨ ਪ੍ਰੋ. ਪਰਗਣ ਸਿੰਘ ਅਟਵਾਲ ਅਤੇ ਦਵਿੰਦਰ ਕੁਮਾਰ ਖਾਨਖਾਨਾ ਵਲੋਂ ਕੀਤਾ ਗਿਆ। ਉਨ੍ਹਾਂ ਨਾਲ ਟੀਮਾਂ ਦੀ ਜਾਣ ਪਹਿਚਾਣ ਇਕਬਾਲ ਸਿੰਘ ਰਾਣਾ, ਕਸ਼ਮੀਰੀ ਲਾਲ ਮੰਗੂਵਾਲ, ਜਸਵੰਤ ਖਟਕੜ, ਸ਼ਰਨਜੀਤ ਸਿੰਘ ਬੇਦੀ ਅਤੇ ਮਾ. ਜਸਵੀਰ ਸਿੰਘ ਮੰਗੂਵਾਲ ਵਲੋਂ ਕੀਤੀ ਗਈ। ਇਸ ਮੈਚ 'ਚ ਯੰਗ ਫੁੱਟਬਾਲ ਕਲੱਬ ਮਾਹਿਲਪੁਰ 1-0 ਨਾਲ ਜੇਤੂ ਰਹੀ। ਦੂਜਾ ਕੁਆਰਟਰ ਫਾਈਨਲ ਮੈਚ ਨਾਮਧਾਰੀ ਫੁੱਟਬਾਲ ਕਲੱਬ ਭੈਣੀ ਸਾਹਿਬ ਅਤੇ ਸੀ. ਆਰ. ਪੀ. ਐਫ ਜਲੰਧਰ ਵਿਚਕਾਰ ਖੇਡਿਆ ਗਿਆ। ਇਸ ਮੈਚ ਦਾ ਉਦਘਾਟਨ ਪ੍ਰਿੰ. ਸ਼ੰਕਰ ਦਾਸ ਅਤੇ ਦਲਜੀਤ ਸਿੰਘ ਗਿੱਦਾ ਵਲੋਂ ਕੀਤਾ ਗਿਆ। ਉਨ੍ਹਾਂ ਨਾਲ ਹਰਜੀਤ ਸਿੰਘ ਮਾਹਲ, ਗੁਰਦਿਆਲ ਸਿੰਘ ਜਗਤਪੁਰ, ਹਰਜੀਤ ਸਿੰਘ ਮਾਹਲ, ਸਤਵੀਰ ਸਿੰਘ ਸੱਤੀ, ਅਮਨਦੀਪ ਬਾਂਦੀ ਅਤੇ ਪਰਮਜੀਤ ਸਿੰਘ ਸੁਪਰਡੈਂਟ ਨੇ ਟੀਮਾਂ ਨਾਲ ਜਾਣ-ਪਹਿਚਾਣ ਕੀਤੀ। ਇਸ ਮੈਚ 'ਚ ਸੀ. ਆਰ. ਪੀ ਐਫ 2-0 ਨਾਲ ਜੇਤੂ ਰਹੀ। ਹਾਫ ਟਾਈਮ ਤੱਕ ਦੋਵੇਂ ਟੀਮਾਂ ਗੋਲ ਨਹੀਂ ਕਰ ਸਕੀਆਂ। ਪਰ ਦੂਜੇ ਅੱਧ 'ਚ ਸੀ. ਆਰ. ਪੀ ਦੇ ਖਿਡਾਰੀ ਧੰਨਰਾਜ ਨੇ ਗੋਲ ਕਰਕੇ ਲੀਡ ਦਿਵਾਈ ਉਸ ਤੋਂ ਬਾਅਦ ਵਿਕਰਮ ਨੇ ਗੋਲ ਕਰਕੇ ਲੀਡ 2 ਗੋਲਾਂ ਦੀ ਕਰ ਦਿੱਤੀ ਜੋ ਅੰਤ ਤੱਕ ਕਾਇਮ ਰਹੀ। ਅੱਜ ਚੌਥੇ ਦਿਨ ਤੀਜਾ ਕੁਆਰਟਰ ਫਾਈਨਲ ਮੈਚ ਸਵੇਰ 10:30 ਵਜੇ ਦਲਵੀਰ ਫੁੱਟਬਾਲ ਅਕੈਡਮੀ ਪਟਿਆਲਾ ਅਤੇ ਇੰਟਰਨੈਸ਼ਨਲ ਕਲੱਬ ਫਗਵਾੜਾ ਵਿਚਕਾਰ ਖੇਡਿਆ ਜਾਵੇਗਾ ਅਤੇ ਚੌਥਾ ਕੁਆਰਟਰ ਫਾਈਨਲ ਮੈਚ ਦੁਪਹਿਰ 1 ਵਜੇ ਸੰਤ ਬਾਬਾ ਭਾਗ ਸਿੰਘ ਫੁੱਟਬਾਲ ਕਲੱਬ ਖ਼ਿਆਲ਼ਾ ਅਤੇ ਪੰਜਾਬ ਪੁਲਿਸ ਵਿਚਕਾਰ ਖੇਡਿਆ ਜਾਵੇਗਾ। ਇਸ ਮੌਕੇ ਸ. ਹਰਦੇਵ ਸਿੰਘ ਕਾਹਮਾ, ਜਰਨੈਲ ਸਿੰਘ ਪੱਲੀ ਝਿੱਕੀ, ਦਰਸ਼ਣ ਸਿੰਘ ਮਾਹਲ, ਸੁਭਾਸ਼ ਚੰਦਰ, ਜਗਤਾਰ ਸਿੰਘ ਝਿੱਕਾ, ਤਲਵਿੰਦਰ ਸ਼ੇਰਗਿੱਲ, ਨੰਬਰਦਾਰ ਸਵਰਨ ਸਿੰਘ ਕਾਹਮਾ, ਪਰਮਜੀਤ ਸਿੰਘ ਸੁਪਰਡੈਂਟ, ਚਰਨਜੀਤ ਸ਼ਰਮਾ, ਪਿਆਰਾ ਸਿੰਘ ਕਾਹਮਾ, ਪ੍ਰੋ. ਗੁਰਪ੍ਰੀਤ ਸਿੰਘ, ਕਸ਼ਮੀਰੀ ਲਾਲ ਮੰਗੂਵਾਲ, ਕ੍ਰਿਸ਼ਨ ਹੀਉਂ ਹਾਜ਼ਰ ਸਨ।

ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਯਾਦਗਾਰੀ ਟੂਰਨਾਮੈਂਟ ਦੇ ਤੀਜੇ ਦਿਨ ਦੇ ਦੂਸਰੇ ਮੈਚ ਦੇ ਮੁੱਖ ਮਹਿਮਾਨ ਪ੍ਰੋ. ਪਰਗਣ ਸਿੰਘ ਅਟਵਾਲ ਤੇ ਦਵਿੰਦਰ ਕੁਮਾਰ ਖਾਨਖਾਨਾ ਅਤੇ ਮੈਚ ਦੀਆਂ ਟੀਮਾਂ ਨਾਲ ਇਕਬਾਲ ਸਿੰਘ ਰਾਣਾ, ਕਸ਼ਮੀਰੀ ਲਾਲ ਮੰਗੂਵਾਲ, ਜਸਵੰਤ ਖਟਕੜ, ਸ਼ਰਨਜੀਤ ਸਿੰਘ ਬੇਦੀ, ਮਾ. ਜਸਵੀਰ ਸਿੰਘ ਮੰਗੂਵਾਲ ਅਤੇ ਹੋਰ। ਤਸਵੀਰ : ਕਰਮ ਲਧਾਣਾ

ਜਾਗ੍ਰਿਤੀ ਕਲਾ ਕੇਂਦਰ ਔੜ ਵਲੋਂ ਕਰਵਾਏ ਜਾ ਰਹੇ 32ਵੇਂ ਜਾਗ੍ਰਿਤੀ ਸੰਮੇਲਨ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਗ੍ਰਿਤੀ ਕਲਾ ਕੇਂਦਰ ਦੇ ਅਹੁਦੇਦਾਰ ਤੇ ਹੋਰ। ਤਸਵੀਰ : ਕੁਲਦੀਪ ਸਿੰਘ ਝਿੰਗੜ

ਜਾਗ੍ਰਿਤੀ ਕਲਾ ਕੇਂਦਰ ਔੜ ਵਲੋਂ 32ਵਾਂ ਜਾਗ੍ਰਿਤੀ ਸੰਮੇਲਨ 15 ਨੂੰ

ਔੜ/ਝਿੰਗੜਾਂ, 8 ਦਸੰਬਰ (ਕੁਲਦੀਪ ਸਿੰਘ ਝਿੰਗੜ) - ਜਾਗ੍ਰਿਤੀ ਕਲਾ ਕੇਂਦਰ ਔੜ ਤੇ ਗ੍ਰਾਮ ਪੰਚਾਇਤ ਪਿੰਡ ਗੜ੍ਹੀ ਅਜੀਤ ਸਿੰਘ ਵਲੋਂ ਸਮਾਜ ਸੇਵੀ ਐਨ.ਆਰ.ਆਈ ਨੰਬਰਦਾਰ ਮਹਿੰਦਰ ਸਿੰਘ ਅਣਦੇਹ ਯੂ. ਐਸ. ਏ ਤੇ ਬਹਾਦਰ ਸਿੰਘ ਗਰਚਾ ਜਰਮਨੀ ਦੇ ਵਿਸ਼ੇਸ਼ ਸਹਿਯੋਗ ਨਾਲ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਸਾਹਿਬ ਦੇ 69ਵੇਂ ਪ੍ਰੀਨਿਰਵਾਣ ਦਿਵਸ ਮੌਕੇ 32ਵਾਂ ਜਾਗ੍ਰਿਤੀ ਸੰਮੇਲਨ 15 ਦਸੰਬਰ ਨੂੰ ਸਵ: ਸੁਰਿੰਦਰ ਸੁੰਮਨ ਅਤੇ ਸਵ: ਨੇਕਾ ਮੱਲਾ ਬੇਦੀਆਂ ਦੀ ਯਾਦ ਨੂੰ ਸਮਰਪਿਤ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕ ਰੂਪ ਲਾਲ ਧੀਰ, ਚੇਅਰਮੈਨ ਨੰਬਰਦਾਰ ਰਾਜ ਕੁਮਾਰ ਦਦਰਾਲ ਨੇ ਦੱਸਿਆ ਕਿ ਇਸ ਸੰਮੇਲਨ ਦਾ ਉਦਘਾਟਨ ਬਹਾਦਰ ਸਿੰਘ ਬਿਆੜਾ ਗੜ੍ਹੀ ਵਲੋਂ ਕੀਤਾ ਜਾਵੇਗਾ ਤੇ ਸ਼ਮਾ ਰੌਸ਼ਨ ਦੀ ਰਸਮ ਸਮਾਜ ਸੇਵੀ ਸਾਬਕਾ ਸਰਪੰਚ ਨਿਰਮਲ ਕੌਰ ਧੀਰ ਵਲੋਂ ਅਦਾ ਕੀਤੀ ਜਾਵੇਗੀ। ਸਮਾਜ ਸੇਵੀ ਅਮਰ